ਸਾਰਗ ਮਹਲਾ ੫ ॥ ਮਾਈ ਧੀਰਿ ਰਹੀ ਪ੍ਰਿਅ ਬਹੁਤੁ ਬਿਰਾਗਿਓ ॥ ਅਨਿਕ ਭਾਂਤਿ ਆਨੂਪ ਰੰਗ ਰੇ ਤਿਨ੍ ਸਿਉ ਰੁਚੈ ਨ ਲਾਗਿਓ ॥੧॥ ਰਹਾਉ ॥ ਨਿਸਿ ਬਾਸੁਰ ਪ੍ਰਿਅ ਪ੍ਰਿਅ ਮੁਖਿ ਟੇਰਉ ਨੀਦ ਪਲਕ ਨਹੀ ਜਾਗਿਓ ॥ ਹਾਰ ਕਜਰ ਬਸਤ੍ਰ ਅਨਿਕ ਸੀਗਾਰ ਰੇ ਬਿਨੁ ਪਿਰ ਸਭੈ ਬਿਖੁ ਲਾਗਿਓ ॥੧॥ ਪੂਛਉ ਪੂਛਉ ਦੀਨ ਭਾਂਤਿ ਕਰਿ ਕੋਊ ਕਹੈ ਪ੍ਰਿਅ ਦੇਸਾਂਗਿਓ ॥ ਹੀਂਉ ਦੇਂਉ ਸਭੁ ਮਨੁ ਤਨੁ ਅਰਪਉ ਸੀਸੁ ਚਰਣ ਪਰਿ ਰਾਖਿਓ ॥੨॥ ਚਰਣ ਬੰਦਨਾ ਅਮੋਲ ਦਾਸਰੋ ਦੇਂਉ ਸਾਧਸੰਗਤਿ ਅਰਦਾਗਿਓ ॥ ਕਰਹੁ ਕ੍ਰਿਪਾ ਮੋਹਿ ਪ੍ਰਭੂ ਮਿਲਾਵਹੁ ਨਿਮਖ ਦਰਸੁ ਪੇਖਾਗਿਓ ॥ ੩॥ ਦ੍ਰਿਸਟਿ ਭਈ ਤਬ ਭੀਤਰਿ ਆਇਓ ਮੇਰਾ ਮਨੁ ਅਨਦਿਨੁ ਸੀਤਲਾਗਿਓ ॥ ਕਹੁ ਨਾਨਕ ਰਸਿ ਮੰਗਲ ਗਾਏ ਸਬਦੁ ਅਨਾਹਦੁ ਬਾਜਿਓ ॥੪॥੫॥ {ਪੰਨਾ 1203-1204}

ਪਦਅਰਥ:- ਮਾਈ—ਹੇ ਮਾਂ! ਧੀਰਿ—{DYXL} ਧੀਰਜ, ਸਹਾਰਨ ਦੀ ਤਾਕਤ। ਰਹੀ—ਰਹਿ ਗਈ ਹੈ, ਮੁੱਕ ਗਈ ਹੈ। ਪ੍ਰਿਅ ਬਿਰਾਗਿਓ—ਪਿਆਰੇ ਦੇ ਵੈਰਾਗ, ਪਿਆਰੇ ਤੋਂ ਵਿਛੋੜੇ ਦਾ ਦਰਦ। ਅਨਿਕ ਭਾਂਤਿ—ਅਨੇਕਾਂ ਕਿਸਮਾਂ ਦੇ। ਆਨੂਪ—ਅਨੂਪ, ਸੋਹਣੇ। ਰੇ—ਹੇ ਭਾਈ! {ਪੁਲਿੰਗ}। ਰੁਚੈ—ਪਿਆਰ, ਖਿੱਚ।1। ਰਹਾਉ।

ਨਿਸਿ—ਰਾਤ। ਬਾਸੁਰ—ਦਿਨ। ਪ੍ਰਿਅ—ਹੇ ਪਿਆਰੇ! ਮੁਖਿ—ਮੂੰਹ ਨਾਲ। ਟੇਰਉ—ਟੇਰਉਂ, ਮੈਂ ਉਚਾਰਦੀ ਹਾਂ, ਮੈਂ ਪੁਕਾਰਦੀ ਹਾਂ। ਕਜਰ—ਕੱਜਲ। ਬਸਤ੍ਰ—ਕੱਪੜੇ। ਸੀਗਾਰ—ਸਿੰਗਾਰ, ਗਹਿਣੇ। ਰੇ—ਹੇ ਭਾਈ! ਬਿਖੁ—ਆਤਮਕ ਮੌਤ ਲਿਆਉਣ ਵਾਲੀ ਜ਼ਹਰ।1।

ਪੂਛਉ—ਪੂਛਉਂ, ਮੈਂ ਪੁੱਛਦੀ ਹਾਂ। ਦੀਨ—ਨਿਮਾਣਾ। ਦੀਨ ਭਾਂਤਿ ਕਰਿ—ਨਿਮਾਣਿਆਂ ਵਾਂਗ। ਭਾਂਤਿ—ਤਰੀਕਾ। ਪ੍ਰਿਅ ਦੇਸਾਂਗਿਉ—ਪਿਆਰੇ ਦਾ ਦੇਸ। ਹੀਂਉ—ਹਿਰਦਾ {ਅੱਖਰ 'ਓ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਹੀਂਉ' ਹੈ, ਇਥੇ 'ਹੀਂਓ' ਪੜ੍ਹਨਾ ਹੈ}। ਦੇਂਉ—ਮੈਂ ਦੇਂਦੀ ਹਾਂ, ਮੈਂ ਦੇਣ ਨੂੰ ਤਿਆਰ ਹਾਂ। ਅਰਪਉ—ਅਰਪਉਂ, ਮੈਂ ਭੇਟ ਕਰਦੀ ਹਾਂ। ਰਾਖਿਓ—ਰਾਖਿ, ਰੱਖ ਕੇ।2।

ਬੰਦਨਾ—ਨਮਸਕਾਰ। ਅਮੋਲ—ਮੁੱਲ ਤੋਂ ਬਿਨਾ, ਦੰਮਾਂ ਤੋਂ ਬਿਨਾ। ਦਾਸਰੋ—ਨਿਮਾਣਾ ਜਿਹਾ ਦਾਸ {ਪੁਲਿੰਗ}। ਅਰਦਾਗਿਓ—ਅਰਦਾਸ। ਦੇਂਉ ਅਰਦਾਗਿਓ—ਮੈਂ ਅਰਦਾਸ ਭੇਟ ਕਰਦਾ ਹਾਂ। ਮੋਹਿ—ਮੈਨੂੰ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਪੇਖਾਗਿਓ—ਮੈਂ ਪੇਖਾਂ, ਮੈਂ ਵੇਖਾਂ।3।

ਦ੍ਰਿਸਟਿ—(ਮੇਹਰ ਦੀ) ਨਿਗਾਹ। ਭੀਤਰਿ—ਮੇਰੇ ਹਿਰਦੇ ਵਿਚ। ਅਨਦਿਨੁ—ਹਰ ਰੋਜ਼, ਹਰ ਵੇਲੇ। ਸੀਤਲਾਗਿਓ—ਸੀਤਲ, ਸ਼ਾਂਤ, ਠੰਢਾ-ਠਾਰ। ਨਾਨਕ—ਹੇ ਨਾਨਕ! ਰਸਿ—ਸੁਆਦ ਨਾਲ। ਮੰਗਲ—ਖ਼ੁਸ਼ੀ ਦੇ ਗੀਤ, ਸਿਫ਼ਤਿ-ਸਾਲਾਹ ਦੇ ਗੀਤ। ਅਨਾਹਦ—{ਅਨ-ਆਹਤ} ਬਿਨਾ ਵਜਾਏ, ਇਕ-ਰਸ, ਹਰ ਵੇਲੇ। ਸਬਦੁ ਬਾਜਿਓ—ਗੁਰੂ ਦਾ ਸ਼ਬਦ ਵੱਜ ਰਿਹਾ ਹੈ, ਸ਼ਬਦ ਆਪਣਾ ਪੂਰਾ ਪ੍ਰਭਾਵ ਪਾ ਰਿਹਾ ਹੈ।4।

ਅਰਥ:- ਹੇ (ਮੇਰੀ) ਮਾਂ! (ਮੇਰੇ ਅੰਦਰ) ਪਿਆਰੇ ਤੋਂ ਵਿਛੋੜੇ ਦਾ ਦਰਦ ਬਹੁਤ ਤੇਜ਼ ਹੋ ਗਿਆ ਹੈ ਇਸ ਨੂੰ ਸਹਾਰਨ ਦੀ ਤਾਕਤ ਨਹੀਂ ਰਹਿ ਗਈ। ਹੇ ਭਾਈ! (ਦੁਨੀਆ ਦੇ) ਅਨੇਕਾਂ ਕਿਸਮਾਂ ਦੇ ਸੋਹਣੇ ਸੋਹਣੇ ਰੰਗ-ਤਮਾਸ਼ੇ ਹਨ, ਪਰ ਮੇਰੇ ਅੰਦਰ ਇਹਨਾਂ ਵਾਸਤੇ ਕੋਈ ਖਿੱਚ ਹੀ ਨਹੀਂ ਪੈਂਦੀ।1। ਰਹਾਉ।

ਹੇ (ਵੀਰ)! ਰਾਤ ਦਿਨ ਮੈਂ (ਆਪਣੇ) ਮੂੰਹੋਂ 'ਹੇ ਪਿਆਰੇ! ਹੇ ਪਿਆਰੇ'! ਬੋਲਦੀ ਰਹਿੰਦੀ ਹਾਂ, ਮੈਨੂੰ ਇਕ ਪਲ ਭਰ ਭੀ ਨੀਂਦ ਨਹੀਂ ਆਉਂਦੀ, ਸਦਾ ਜਾਗ ਕੇ (ਸਮਾ ਗੁਜ਼ਾਰ ਰਹੀ ਹਾਂ)। ਹੇ (ਵੀਰ)! ਹਾਰ, ਕੱਜਲ, ਕੱਪੜੇ, ਅਨੇਕਾਂ ਗਹਿਣੇ—ਇਹ ਸਾਰੇ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਮੈਨੂੰ ਆਤਮਕ ਮੌਤ ਲਿਆਉਣ ਵਾਲੀ ਜ਼ਹਰ ਦਿੱਸ ਰਹੇ ਹਨ।1।

(ਹੇ ਮਾਂ!) ਨਿਮਾਣਿਆਂ ਵਾਂਗ ਮੈਂ ਮੁੜ ਮੁੜ ਪੁੱਛਦੀ ਫਿਰਦੀ ਹਾਂ, ਭਲਾ ਜੇ ਕੋਈ ਮੈਨੂੰ ਪਿਆਰੇ ਦਾ ਦੇਸ ਦੱਸ ਦੇਵੇ। (ਪਿਆਰੇ ਦਾ ਦੇਸ ਦੱਸਣ ਵਾਲੇ ਦੇ) ਚਰਨਾਂ ਉਤੇ (ਆਪਣਾ) ਸਿਰ ਰੱਖ ਕੇ ਮੈਂ ਆਪਣਾ ਹਿਰਦਾ, ਆਪਣਾ ਮਨ ਆਪਣਾ ਤਨ ਸਭ ਕੁਝ ਭੇਟਾ ਕਰਨ ਨੂੰ ਤਿਆਰ ਹਾਂ।2।

ਹੇ ਭਾਈ! ਮੈਂ ਸਾਧ ਸੰਗਤਿ ਦੇ ਚਰਨਾਂ ਤੇ ਨਮਸਕਾਰ ਕਰਦਾ ਹਾਂ, ਮੈਂ ਸਾਧ ਸੰਗਤਿ ਦਾ ਦੰਮਾਂ ਤੋਂ ਬਿਨਾ ਹੀ ਇਕ ਨਿਮਾਣਾ ਜਿਹਾ ਦਾਸ ਹਾਂ, ਮੈਂ ਸਾਧ ਸੰਗਤਿ ਅੱਗੇ ਅਰਦਾਸ ਕਰਦਾ ਹਾਂ—(ਮੇਰੇ ਉਤੇ) ਮਿਹਰ ਕਰੋ, ਮੈਨੂੰ ਪਰਮਾਤਮਾ ਮਿਲਾ ਦੇਉ, ਮੈਂ (ਉਸ ਦਾ) ਅੱਖ ਝਮਕਣ ਜਿਤਨੇ ਸਮੇ ਲਈ ਹੀ ਦਰਸਨ ਕਰ ਲਵਾਂ।3।

ਹੇ ਭਾਈ! (ਜਦੋਂ ਪਰਮਾਤਮਾ ਦੀ ਮਿਹਰ ਦੀ) ਨਿਗਾਹ (ਮੇਰੇ ਉਤੇ) ਹੋਈ, ਤਦੋਂ ਉਹ ਮੇਰੇ ਹਿਰਦੇ ਵਿਚ ਆ ਵੱਸਿਆ। ਹੁਣ ਮੇਰਾ ਮਨ ਹਰ ਵੇਲੇ ਠੰਢਾ-ਠਾਰ ਰਹਿੰਦਾ ਹੈ। ਹੇ ਨਾਨਕ! ਆਖ—ਹੁਣ ਮੈਂ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਸੁਆਦ ਨਾਲ ਗਾਂਦਾ ਹਾਂ, (ਮੇਰੇ ਅੰਦਰ) ਗੁਰੂ ਦਾ ਸ਼ਬਦ ਇਕ-ਰਸ ਆਪਣਾ ਪੂਰਾ ਪ੍ਰਭਾਵ ਪਾਈ ਰੱਖਦਾ ਹੈ।4।5।